# ਪੰਜਾਬ ਐਜੂਸੈਟ ਸੁਸਾਇਟੀ

ਈ.ਬਲਾਕ, ਟੈਕਸਟ ਬੁੱਕ ਸੈਲ, ਵਿੱਦਿਆ ਭਵਨ, ਪਹਿਲੀ ਮੰਜ਼ਿਲ
ਪੀ.ਐਸ.ਈ.ਬੀ.ਕੈਂਪਸ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।
ਫੋਨ ਨੰ. 0172-5218801-16 ਈ-ਮੇਲ: edusat.punjab@gmail.com


(ਵੈਬਸਾਈਟ ਰਾਹੀਂ)

ਵੱਲ,

ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ),
ਪੰਜਾਬ।

ਮੀਮੋ ਨੰ.: 24/40/2017/ਪੀ.ਈ.ਐਸ/ਟਾਈਮ ਸ਼ਡਿਊਲ/੧੮੦੭
ਮਿਤੀ : ..15.. ਸਤੰਬਰ, 2017.

ਵਿਸ਼ਾ: 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਤਹਿਤ ਐਜੂਸੈਟ ਤੋਂ ਮੀਟਿੰਗ ਲੈਣ ਸਬੰਧੀ।

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਰਾਜ ਦੇ ਸਮੂਹ ਪ੍ਰਾਇਮਰੀ ਸਕੂਲਾਂ ਅੰਦਰ ਪ੍ਰਾਇਮਰੀ ਸਿੱਖਿਆ ਵਿੱਚ ਗੁਣਾਤਮਿਕ ਸੁਧਾਰ ਵਜੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਜਾ ਰਿਹਾ ਹੈ। 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਨੂੰ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਲਾਗੂ ਕਰਨਾ, ਯੋਜਨਾਬੰਦੀ ਤਹਿਤ ਕੰਮ ਕਰਨ ਸਬੰਧੀ ਮਾਨਯੋਗ ਸ੍ਰੀ ਕ੍ਰਿਸ਼ਨ ਕੁਮਾਰ, ਆਈ.ਏ.ਐਸ, ਸਕੱਤਰ, ਸਕੂਲ ਸਿੱਖਿਆ ਜੀ ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ), ਡਾਇਟ ਪ੍ਰਿੰਸੀਪਲਾਂ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ, 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ, ਸਮੂਹ ਅਧਿਆਪਕ ਸਿੱਖਿਆ ਪ੍ਰੋਵਾਈਡਰ ਈ.ਜੀ.ਐਸ/ਏ.ਆਈ.ਈ/ਐਸ.ਟੀ.ਆਰ ਮਿਤੀ 16.09.2017 ਨੂੰ ਬਾਅਦ ਦੁਪਿਹਰ 12:00 ਤੋਂ 02:00 ਵਜੇ ਤੱਕ ਐਜੂਸੈਟ ਰਾਹੀਂ ਮੀਟਿੰਗ ਲੈਣਗੇ।

3.0 ਸਮੂਹ ਜਿਲ੍ਹਾ ਸਿੱਖਿਆ ਅਫਸਰ (ਐ.ਸਿ)/ਬੀ.ਪੀ.ਈ.ਓਜ਼, ਡਾਇਟ ਪ੍ਰਿੰਸੀਪਲਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਰਕਾਰੀ ਸੀਨੀਅਰ ਸੈਕੰਡਰੀ/ਹਾਈ ਸਕੂਲਾਂ ਵਿੱਚ ਚਾਲੂ ਹਾਲਤ ਵਿੱਚ ਆਰ.ਓ.ਟੀਜ਼ ਬਾਰੇ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਨਾਲ ਤਾਲਮੇਲ ਕਰਕੇ, ਨੇੜੇ ਦੇ ਪ੍ਰਾਇਮਰੀ ਸਕੂਲਾਂ ਦੇ ਅਧਿਆਪਕਾਂ ਦੀ ਹਾਜ਼ਰੀ ਐਜੂਸੈਟ ਸੁਵਿਧਾ ਵਾਲੇ ਸਕੂਲਾਂ ਵਿੱਚ ਯਕੀਨੀ ਬਣਾਉਣਗੇ। ਇਸ ਸਬੰਧੀ ਪੂਰਨ ਯੋਜਨਾਬੰਦੀ ਪਹਿਲਾਂ ਕਰ ਲਈ ਜਾਵੇ ਅਤੇ ਸਬੰਧਤ ਸਕੂਲ ਮੁੱਖੀਆਂ ਨਾਲ ਫੋਨ ਤੇ ਰਾਬਤਾ ਕਰਕੇ ਸਕੂਲਾਂ ਅੰਦਰ ਬੈਠਣ, ਜਨਰੇਟਰ ਆਦਿ ਦਾ ਪ੍ਰਬੰਧ ਵੀ ਵੇਖ ਲਿਆ ਜਾਵੇ ਜੀ। ਜਿਹੜੇ ਆਰ.ਓ.ਟੀ ਸੁਵਿਧਾ ਵਾਲੇ ਸਕੂਲਾਂ ਵਿੱਚ ਇਹ ਪ੍ਰੋਗਰਾਮ ਵੇਖਿਆ ਜਾਣਾ ਹੈ ਉਹਨਾਂ ਸਕੂਲਾਂ ਦੀ ਲਿਸਟ ਇਸ ਦਫਤਰ ਨੂੰ ਸਵੇਰੇ 11:00 ਵਜੇ ਤੱਕ edusat.punjab@gmail.com ਤੇ ਈ-ਮੇਲ ਰਾਹੀਂ ਮੁਹੱਈਆ ਕਰਵਾਈ ਜਾਵੇ।

4.0 ਸਮੂਹ ਬੀ.ਐਮ.ਟੀਜ਼ ਅਤੇ ਸੀ.ਐਮ.ਟੀਜ਼ ਵੀ ਆਪਣੇ ਬਲਾਕ/ਕਲੱਸਟਰ ਦੇ ਸਕੂਲਾਂ ਨਾਲ ਹੀ ਬੈਠਕੇ ਇਸ ਮੀਟਿੰਗ ਨੂੰ ਅਟੈਂਡ ਕਰਨਗੇ।

5.0 ਸਰਕਾਰੀ ਪ੍ਰਾਇਮਰੀ ਸਕੂਲ ਦੇ ਬੱਚਿਆ ਨੂੰ ਪ੍ਰੋਗਰਾਮ ਵਾਲੇ ਦਿਨ (ਮਿਤੀ 16.09.2017 ਨੂੰ) ਦੁਪਿਹਰ 12:00 ਵਜੇ ਛੁੱਟੀ ਕਰ ਦੇਣ ਦੀ ਹਦਾਇਤ ਹੋਈ ਹੈ।

6.0 ਐਜੂਸੈਟ ਤੋਂ ਹੋਣ ਵਾਲੀ ਇਸ ਮੀਟਿੰਗ ਵਿੱਚ ਸ਼ਾਮਿਲ ਹੋਣ ਵਾਲੇ ਅਧਿਆਪਕਾਂ ਦੀ ਹਾਜ਼ਰੀ ਰਿਪੋਰਟ ਜਿਲ੍ਹਾ ਸਿੱਖਿਆ ਅਫਸਰ (ਐ.ਸਿ) ਵੱਲੋਂ ਈ-ਮੇਲ edusat.punjab@gmail.com ਤੇ ਭੇਜੀ ਜਾਵੇ ਜੀ।

7.0 ਹੁਕਮਾਂ ਦੀ ਇੰਨ-ਬਿਨ ਪਾਲਣਾ ਯਕੀਨੀ ਬਣਾਈ ਜਾਵੇ ਜੀ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ।

ਪਿੱਠਅੰਕਣ ਨੰ.: 24/40/2017/ਪੀ.ਈ.ਐਸ/ਟਾਈਮ ਸ਼ਡਿਊਲ/੧੮੧੦ ਮਿਤੀ: 15.09.2017.

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ।

1. ਪੀ.ਏ. ਟੂ ਮਾਨਯੋਗ ਸੱਕਤਰ, ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ.(ਐ.ਸਿ), ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ ਪੰਜਾਬ।
5. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ ਨੂੰ ਯੋਗ ਕਾਰਵਾਈ ਹਿੱਤ।
6. ਡੀ.ਐਮ.(ਐਮ.ਆਈ.ਐਸ) ਨੂੰ ਪੱਤਰ ਦੀ ਕਾਪੀ ਤੁਰੰਤ ਵੈਬਸਾਈਟ ਅਤੇ ਨੋਟਿਸ ਬੋਰਡ ਤੇ ਉਪਲਬਧ ਕਰਵਾਉਣ ਹਿੱਤ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਐਜੂਸੈਟ ਸੁਸਾਇਟੀ।